**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 11-11-2024**

- ਉਪ-ਰਾਸ਼ਟਰਪਤੀ ਜਗਦੀਪ ਧਨਖੜ, ਕੱਲ ਨੂੰ ਲੁਧਿਆਣਾ ਦੇ ਇੱਕ ਦਿਨਾਂ ਦੌਰੇ 'ਤੇ ਹੋਣਗੇ।
- ਜਸਟਿਸ ਸੰਜੀਵ ਖੰਨਾ ਨੇ ਅੱਜ ਭਾਰਤ ਦੇ 51ਵੇਂ ਚੀਫ਼ ਜਸਟਿਸ ਵਜੋਂ ਸਹੁੰ ਚੁੱਕੀ।
- ਪੰਜਾਬ ਦੇ ਰਾਜਪਾਲ ਨੇ ਰਾਸ਼ਟਰ ਨੂੰ, 'ਆਤਮ-ਨਿਰਭਰ ਭਾਰਤ' ਬਣਾ ਕੇ,ਦੁਨੀਆਂ ਦੀ ਨੰਬਰ ਇਕ ਅਰਥ-ਵਿਵਸਥਾ ਬਣਨ ਲਈ ਠੋਸ ਉਪਰਾਲੇ ਕਰਨ ਦਾ ਦਿੱਤਾ ਸੱਦਾ।
- ਪੰਜਾਬ ਵਿਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿਚ, ਮੁੱਖ ਮੰਤਰੀ ਦਾ ਜ਼ਿਲਾ ਸੰਗਰੂਰ ਮੋਹਰੀ ਬਣਿਆ।

---------------------------------------------------------------------------------

ਉਪ-ਰਾਸ਼ਟਰਪਤੀ ਜਗਦੀਪ ਧਨਖੜ ਕੱਲ ਨੂੰ ਲੁਧਿਆਣਾ ਦੇ ਇੱਕ ਦਿਨ ਦੇ ਦੌਰੇ 'ਤੇ ਆਉਣਗੇ। ਆਪਣੀ ਫੇਰੀ ਦੌਰਾਨ ਉਪ ਰਾਸ਼ਟਰਪਤੀ ,ਲੁਧਿਆਣਾ ਸਥਿਤ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵਿਖੇ ਕੌਮਾਂਤਰੀ

ਕਾਨਫ਼ਰੰਸ 2024: ਟਰਾਂਸਫ਼ਾਰਮਿੰਗ ਐਗਰੀ-ਫੂਡ ਸਿਸਟਮਜ਼ ਇਨ ਫੇਸ ਆਫ਼ ਕਲਾਈਮੇਟ ਚੇਂਜ ਐਂਡ ਐਨਰਜੀ ਟ੍ਰਾਂ-ਜਿਸ਼ਨਜ਼ ਦੇ ਉਦਘਾਟਨੀ ਸਮਾਗਮ ਵਿੱਚ ਮੁੱਖ ਮਹਿਮਾਨ ਹੋਣਗੇ। ਉਪ-ਰਾਸ਼ਟਰਪਤੀ ਲੁਧਿਆਣਾ ਦੇ ਸੱਤਪਾਲ ਮਿੱਤਲ ਸਕੂਲ ਵਿਖੇ ਵੀ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਜਿੱਥੇ ਉਹ, ਵਿਦਿਆਰਥੀਆਂ ਅਤੇ ਅਧਿਆਪਕਾਂ ਨਾਲ ਗੱਲਬਾਤ ਕਰਨਗੇ।

--------------------------------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਪ-ਰਾਸ਼ਟਰਪਤੀ ਜਗਦੀਪ ਧਨਖੜ ਦੀ ਲੁਧਿਆਣਾ ਫੇਰੀ ਲਈ ਪੁਖਤਾ ਪ੍ਰਬੰਧ ਕੀਤੇ ਜਾਣ । ਉਨ੍ਹਾਂ ਦਸਿਆ ਕਿ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੀ ਇਸ ਮੌਕੇ ਸ਼ਿਰਕਤ ਕਰਨਗੇ । ਸਿਵਲ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨਾਲ ਤਾਲਮੇਲ ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਜਤਿੰਦਰ ਜੋਰਵਾਲ ਨੇ ਦੋਵਾਂ ਥਾਵਾਂ 'ਤੇ ਕੀਤੇ ਜਾ ਰਹੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਉਨ੍ਹਾਂ ਪੁਲਿਸ ਵਿਭਾਗ ਨੂੰ ਲੋੜੀਂਦੀ ਸੁਰੱਖਿਆ ਯਕੀਨੀ ਬਣਾਉਣ ਦੇ ਨਾਲ-ਨਾਲ ਟ੍ਰੈਫਿਕ ਅਤੇ ਪਾਰਕਿੰਗ ਦਾ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ। ਇਸ ਤੋਂ ਇਲਾਵਾ ਉਨ੍ਹਾਂ ਨੇ ਸਿਹਤ ਵਿਭਾਗ ਨੂੰ ਸਾਰੀਆਂ ਥਾਵਾਂ 'ਤੇ ਲੋੜੀਂਦਾ ਮੈਡੀਕਲ

ਸਟਾਫ ਨਿਯੁਕਤ ਕਰਨ ਅਤੇ ਸਿਹਤ ਪ੍ਰੋਟੋਕੋਲ ਦੇ ਅਨੁਸਾਰ ਲੋੜੀਂਦੀਆਂ ਸਹੂਲਤਾਂ ਸਥਾਪਤ ਕਰਨ ਲਈ ਵੀ ਹੁਕਮ ਦਿੱਤੇ। ਪੰਜਾਬ ਰਾਜ ਬਿਜਲੀ ਕਾਰਪੋਰੇਸ਼ਨ ਲਿਮਟਿਡ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਵੀ ਨਿਰਦੇਸ਼ ਦਿੱਤੇ ਗਏ ਨੇ।

---------------------------------------------------------------------------

ਜਸਟਿਸ ਸੰਜੀਵ ਖੰਨਾ ਨੇ ਅੱਜ ਭਾਰਤ ਦੇ 51ਵੇਂ ਚੀਫ਼ ਜਸਟਿਸ ਵਜੋਂ ਸਹੁੰ ਚੁੱਕੀ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਰਾਸ਼ਟਰਪਤੀ ਭਵਨ ਵਿਖੇ ਇੱਕ ਸਮਾਗਮ ਵਿੱਚ ਜਸਟਿਸ ਖੰਨਾ ਨੂੰ ਅਹੁਦੇ ਦੀ ਸਹੁੰ ਚੁਕਾਈ। ਜਸਟਿਸ ਸੰਜੀਵ ਖੰਨਾ ਨੇ, ਜਸਟਿਸ ਡੀ.ਵਾਈ. ਚੰਦਰਚੂੜ ਦੀ ਥਾਂ ਤੇ ਇਹ ਅਹੁਦਾ ਸੰਭਾਲਿਆ ਏ, ਜੋ ਬੀਤੇ ਦਿਨੀ ਸੇਵਾਮੁਕਤ ਹੋਏ ਨੇ । ਉਪ-ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕਈ ਕੇਂਦਰੀ ਮੰਤਰੀਆਂ ਅਤੇ ਸਰਵਉੱਚ ਅਦਾਲਤ ਦੇ ਜੱਜਾਂ ਸਮੇਤ ਹੋਰਨਾਂ ਨੇ ਇਸ ਸਮਾਗਮ ਵਿੱਚ ਸ਼ਿਰਕਤ ਕੀਤੀ ।

---------------------------------------------------------------------------

ਪੰਜਾਬ ਦੇ ਚਾਰ ਵਿਧਾਨ ਸਭਾ ਹਲਕਿਆਂ ਡੇਰਾ ਬਾਬਾ ਨਾਨਕ, ਚੱਬੇਵਾਲ-ਐਸ.ਸੀ , ਗਿੱਦੜਬਾਹਾ ਅਤੇ ਬਰਨਾਲਾ ਵਿਚ ਹੋਣ ਵਾਲੀਆਂ ਜ਼ਿਮਨੀ ਚੋਣਾਂ ਨੂੰ ਲੈਕੇ ਪ੍ਰਚਾਰ ਜ਼ੋਰਾਂ ਤੇ ਚਲ ਰਿਹਾ ਏ। ਸਿਆਸੀ ਆਗੂ ਆਪੋ ਆਪਣੇ ਉਮੀਦਵਾਰ ਦੇ ਹੱਕ ਵਿਚ ਸਮਰਥਨ ਕਰ ਰਹੇ ਨੇ ।

ਇਸੇ ਤਹਿਤ ਸਾਬਕਾ ਕੇਂਦਰੀ ਮੰਤਰੀ ਅਤੇ ਮੌਜੂਦਾ ਸਾਂਸਦ ਅਨੁਰਾਗ ਸਿੰਘ ਠਾਕੁਰ ਬਰਨਾਲਾ ਪਹੁੰਚੇ ਅਤੇ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਕੇਵਲ ਸਿੰਘ ਢਿੱਲੋ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ । ਇਸ ਮੌਕੇ ਉਹਨਾਂ ਕੇਵਲ ਸਿੰਘ ਢਿੱਲੋਂ ਨੂੰ ਕਾਮਯਾਬ ਕਰਨ ਲਈ ਅਪੀਲ ਕੀਤੀ । ਉਹਨਾਂ ਕਿਹਾ ਕਿ BJP ਸਰਕਾਰ ਨੇ ਕਿਸਾਨਾਂ ਦੀ ਹਮੇਸ਼ਾ ਮਦਦ ਕੀਤੀ ਏ ਜਦੋਂ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਕਿਸਾਨਾਂ ਦਾ ਬਿਲਕੁਲ ਵੀ ਸਾਥ ਨਹੀਂ ਦਿੱਤਾ । BYTE ਉਹਨਾਂ ਕਿਹਾ ਕਿ ਅੱਜ ਮੰਡੀਆਂ ਵਿੱਚ ਕਿਸਾਨਾਂ ਦਾ ਬੇਹੱਦ ਬੁਰਾ ਹਾਲ ਏ, ਪੰਜਾਬ ਸਰਕਾਰ ਨੇ ਅਨਾਜ ਮੰਡੀਆਂ ਵਿੱਚ ਕੋਈ ਵੀ ਪ੍ਰਬੰਧ ਨਹੀਂ ਕੀਤੇ , ਜਿਸ ਕਰਕੇ ਕਿਸਾਨਾ ਨੂੰ ਕਾਫੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਏ ।

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਆਜ਼ਾਦ ਭਾਰਤ ਦੇ ਪਹਿਲੇ ਸਿੱਖਿਆ ਮੰਤਰੀ ਮੌਲਾਨਾ ਅਬੁਲ ਕਲਾਮ ਆਜ਼ਾਦ ਨੂੰ, ਉਨ੍ਹਾਂ ਦੀ ਜਯੰਤੀ 'ਤੇ ਸ਼ਰਧਾਂਜਲੀ ਭੇਟ ਕੀਤੀ । ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਮੌਲਾਨਾ ਆਜ਼ਾਦ ਨੂੰ ਗਿਆਨ ਦੇ ਚਾਨਣ ਮੁਨਾਰੇ ਵਜੋਂ ਅਤੇ ਭਾਰਤ ਦੀ ਆਜ਼ਾਦੀ ਅੰਦੋਲਨ ਵਿੱਚ ਉਨ੍ਹਾਂ ਦੀ

ਭੂਮਿਕਾ ਲਈ ਯਾਦ ਕੀਤਾ ਜਾਂਦਾ ਏ। ਸ੍ਰੀ ਮੋਦੀ ਨੇ ਕਿਹਾ ਕਿ ਉਹ, ਇੱਕ ਡੂੰਘੇ ਵਿਚਾਰਕ ਅਤੇ ਉੱਘੇ ਲੇਖਕ ਵੀ ਸਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਵਿਕਸਿਤ ਅਤੇ ਸਸ਼ਕਤ ਭਾਰਤ ਲਈ, ਉਨ੍ਹਾਂ ਦੇ ਵਿਜ਼ਨ ਤੋਂ ਪ੍ਰੇਰਿਤ ਏ।

---------------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਰਾਸ਼ਟਰ ਨੂੰ 'ਆਤਮ-ਨਿਰਭਰ ਭਾਰਤ' ਬਣਾ ਕੇ ਵਿਸ਼ਵ ਦੀ ਨੰਬਰ ਇਕ ਅਰਥ-ਵਿਵਸਥਾ ਬਣਨ ਲਈ ਠੋਸ ਉਪਰਾਲੇ ਕਰਨ ਦਾ ਸੱਦਾ ਦਿੱਤਾ ਏ। ਮੋਹਾਲੀ ਦੇ ਇੰਡੀਅਨ ਸਕੂਲ ਆਫ ਬਿਜ਼ਨਸ ਵਿਖੇ, ਐਡਵਾਂਸਡ ਮੈਨੇਜਮੈਂਟ ਪ੍ਰੋਗਰਾਮ ਇਨ ਪਬਲਿਕ ਪਾਲਿਸੀ, ਹੈਲਥ-ਕੇਅਰ, ਸੰਚਾਲਨ ਅਤੇ ਸਪਲਾਈ ਚੇਨ ਅਤੇ ਇਨਫਰਾ-ਸਟ੍ਰਕਚਰ ਸਟ੍ਰੀਮਜ਼ ਦੇ 180 ਸਫਲ ਵਿਦਿਆਰਥੀਆਂ ਦੇ ਗ੍ਰੈਜੂਏਸ਼ਨ ਸਮਾਰੋਹ ਨੂੰ ਸੰਬੋਧਨ ਕਰਦਿਆਂ, ਰਾਜਪਾਲ ਨੇ ਕਿਹਾ ਕਿ  ਉਹਨਾਂ ਸਾਰਿਆਂ ਕੋਲ ਵਪਾਰ ਅਧਿਐਨ ਵਿੱਚ ਏਸ਼ੀਆ ਦੀ ਵੱਕਾਰੀ ਅਤੇ ਪ੍ਰਮੁੱਖ ਸੰਸਥਾ ਤੋਂ ਗ੍ਰੈਜੂਏਟ ਹੋਣਾ ਮਾਣ ਵਾਲਾ ਪਲ ਏ ਅਤੇ ਹੁਣ ਸੇਵਾ ਦੇ ਖੇਤਰ ਵਿੱਚ ਉੱਚੇ ਮਿਆਰ ਸਥਾਪਤ ਕਰਨ ਦੀ ਵਾਰੀ ਏ, ਭਾਵੇਂ ਇਹ ਜਨਤਕ ਹੋਵੇ ਜਾਂ ਨਿੱਜੀ ਖੇਤਰ ਹੋਵੇ। ਉਨ੍ਹਾਂ ਨੇ ਜ਼ਿਆਦਾਤਰ ਡਿਗਰੀ ਧਾਰਕ ਔਰਤਾਂ ਹੋਣ ਤੇ ਖੁਸ਼ੀ ਜ਼ਾਹਿਰ ਕਰਦਿਆਂ ਕਿਹਾ ਕਿ, ਸਿੱਖਿਆ ਖੇਤਰ ਹੀ ਅਜਿਹਾ ਖੇਤਰ ਏ, ਜਿਸ

ਵਿੱਚ ਕੋਈ ਔਰਤ ਜਾਂ ਮਰਦ ਦੀ ਅਜਾਰੇਦਾਰੀ ਨਹੀਂ ਏ, ਵਿਅਕਤੀ ਆਪਣੀ ਮਿਹਨਤ ਦੇ ਬਲਬੂਤੇ 'ਤੇ ਉੱਚਾ ਉਠ ਸਕਦਾ ਏ। ਉਨ੍ਹਾਂ ਨੇ ਅਧਿਆਪਕਾਂ ਦੀ ਆਪਣੇ ਵਿਦਿਆਰਥੀਆਂ ਨੂੰ ਮੌਜੂਦਾ ਰੁਤਬੇ ਤੱਕ ਪਹੁੰਚਾਉਣ ਲਈ ਸ਼ਲਾਘਾ ਕੀਤੀ। ਰਾਜਪਾਲ ਨੇ ਕਿਹਾ ਕਿ ਰਾਸ਼ਟਰ ਨੇ ਸਾਨੂੰ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਰਾਹੀਂ ਸਿੱਖਿਅਤ ਕਰਕੇ ਬਹੁਤ ਕੁਝ ਦਿੱਤਾ ਏ ਅਤੇ ਹੁਣ ਸਾਨੂ ਸਾਰਿਆਂ ਨੂੰ ਆਪਣੇ ਦੇਸ਼ ਨੂੰ ਦੁਨੀਆਂ ਦੀ ਸਭ ਤੋਂ ਵੱਡੀ ਅਰਥ-ਵਿਵਸਥਾ ਬਣਾਉਣ ਲਈ, ਕੀਤੇ ਜਾਣ ਵਾਲੇ ਅਣਥੱਕ ਉਪਰਾਲਿਆਂ ਵਿਚ ਆਪਣਾ ਯੋਗਦਾਨ ਦੇਣਾ ਯਕੀਨ ਬਣਾਈਏ।

---------------------------------------------------------------------

ਪੰਜਾਬ ਵਿਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿਚ ਮੁਖ ਮੰਤਰੀ ਦਾ ਜ਼ਿਲਾ ਸੰਗਰੂਰ ਮੋਹਰੀ ਬਣਿਆ ਏ। ਸੂਬੇ ਵਿਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿਚ ਭਾਵੇਂ ਠੱਲ ਪਈ ਏ, ਪਰ ਧੂਏਂ ਕਾਰਨ ਬਹੁਤੇ ਜ਼ਿਲਿਆਂ ਵਿਚ ਹਵਾ ਦੀ ਗੁਣਵੱਤਾ ਹਾਲੇ ਵੀ ਮਾੜੀ ਜਾਂ ਦਰਮਿਆਨੀ ਬਣੀ ਹੋਈ ਏ ,ਜਿਸ ਕਾਰਨ ਸਾਹ ਦੇ ਮਰੀਜਾਂ ਜਾ ਆਮ ਲੋਕਾਂ ਨੂੰ ਵੀ ਬਾਹਰ ਜ਼ਿਆਦਾ ਘੁੰਮਣ ਨਾਲ ਸਾਹ ਲੈਣ ਵਿਚ ਪ੍ਰੇਸ਼ਾਨੀ ਹੁੰਦੀ ਏ। ਕੱਲ ਸ਼ਾਮ ਤੱਕ 345 ਥਾਵਾਂ ਤੇ ਪਰਾਲੀ ਨੂੰ ਸਾੜਨ ਦੀਆਂ ਘਟਨਾਵਾਂ ਦਰਜ ਕੀਤੀਆਂ ਗਈਆਂ। ਪਰਾਲੀ ਨੂੰ ਅੱਗ ਲਗਾਏ ਜਾਣ ਵਾਲੇ

ਜ਼ਿਲਿਆਂ ਵਿੱਚ ਬੀਤੀ ਸ਼ਾਮ ਦੇ ਰਿਕਾਰਡ ਮੁਤਾਬਿਕ ਅੰਮ੍ਰਿਤਸਰ ਵਿੱਚ ਸਿਰਫ ਦੋ ਥਾਵਾਂ ਤੇ ਅਤੇ ਹੁਸ਼ਿਆਰਪੁਰ ਅਤੇ ਮੋਹਾਲੀ ਵਿੱਚ ਇੱਕ-ਇੱਕ ਥਾ ਤੇ ਹੀ ਅੱਗ ਲੱਗਣ ਦੀ ਘਟਨਾ ਦਰਜ ਹੋਈ, ਜਿਸ ਦਾ ਸਿਹਰਾ ਇਹਨਾਂ ਜਿਲਿਆਂ ਦੇ ਡਿਪਟੀ ਕਮਿਸ਼ਨਰਾਂ ਅਤੇ ਪ੍ਰਸ਼ਾਸਨ ਦੇ ਹੋਰਨਾ ਅਧਿਕਾਰੀਆਂ ਨੂੰ ਵੀ ਜਾਂਦਾ ਏ ਪਰ ਪੰਜਾਬ ਦੇ ਮੁੱਖ ਮੰਤਰੀ ਦੇ ਆਪਣੇ ਜ਼ਿਲੇ ਸੰਗਰੂਰ ਵਿੱਚ ਪਰਾਲੀ ਨੂੰ ਅੱਗ ਲਾਉਣ ਦੀ ਗਿਣਤੀ ਲਗਾਤਾਰ ਸਭ ਤੋਂ ਵੱਧ ਬਣੀ ਹੋਈ ਏ। -ਕੱਲ ਸ਼ਾਮ ਤੱਕ ਸੰਗਰੂਰ ਵਿਚ 116 ਥਾਵਾਂ ਤੇ ਅੱਗ ਲਾਈ ਗਈ ਜੇਕਰ 15 ਸਤੰਬਰ ਤੋਂ 10 ਨਵੰਬਰ ਤੱਕ ਦੇ ਰਿਕਾਰਡ ਦੀ ਗੱਲ ਕਰੀਏ ਤਾਂ ਜ਼ਿਲਾ ਸੰਗਰੂਰ ਇਹਨਾਂ ਦਿਨਾਂ ਦੌਰਾਨ ਇਕ ਹਜ਼ਾਰ 272 ਥਾਵਾਂ ਤੇ ਪਰਾਲੀ ਸਾੜਨ ਨੂੰ ਲੈ ਕੇ ਸੂਬੇ ਵਿੱਚ ਸਭ ਤੋਂ ਅੱਗੇ ਰਿਹਾ ਏ , ਓਥੇ ਹੀ ਘੱਟ ਅੱਗ ਲਗਣ ਦੇ ਬਾਵਜੂਦ ਵੀ ਅੰਮ੍ਰਿਤਸਰ ਸਮੇਤ ਲੁਧਿਆਣਾ ,ਪਟਿਆਲਾ ਅਤੇ ਮੰਡੀ ਗੋਬਿੰਦਗੜ੍ਹ, ਹਵਾ ਦੀ ਗੁਣਵੱਤਾ ਵਿੱਚ ਮਾੜੀ ਸ਼੍ਰੇਣੀ ਵਿੱਚ ਨੇ । ਉਥੇ ਹੀ ਜਲੰਧਰ ਅਤੇ ਬਠਿੰਡਾ ਵਿੱਚ ਹਵਾ ਦੀ ਗੁਣਵੱਤਾ, ਇਹਨਾਂ ਜਿਲਿਆਂ ਤੋਂ ਥੋੜੀ ਚੰਗੀ ਮੱਧਮ ਦਰਜੇ ਦੀ ਏ। ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿੱਚ ਕੱਲ ਸ਼ਾਮ ਹਵਾ ਦੀ ਗੁਣਵੱਤਾ ਦਾ ਮਿਆਰ 339 ਦਰਜ ਹੋਣ ਕਾਰਨ ਇਹ ਸਭ ਤੋਂ ਮਾੜੀ ਸ਼੍ਰੇਣੀ ਵਿੱਚ ਬਣਿਆ ਹੋਇਆ ਏ । ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਮੁੱਖ ਵਾਤਾਵਰਨ ਇੰਜੀਨੀਅਰ

ਕੁਰਨੇਸ਼ ਠਾਕੁਰ ਨੇ ਆਕਾਸ਼ਵਾਣੀ ਨੂੰ ਦੱਸਿਆ ਕਿ ਜ਼ਿਲਾ ਪ੍ਰਸ਼ਾਸਨ ਸਮੇਤ ਉਹਨਾਂ ਦੇ ਵਿਭਾਗ ਵੱਲੋਂ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਲਈ ਜਾਗਰੂਕ ਕੀਤਾ ਜਾ ਰਿਹਾ ਅਤੇ ਅਜਿਹੇ ਕਿਸਾਨਾਂ ਨੂੰ ਸਨਮਾਨਿਤ ਕਰਨ ਲਈ 2 ਲੱਖ ਰੁਪਏ, ਹਰ ਇੱਕ ਜਿਲੇ ਨੂੰ ਵੀ ਦਿੱਤੇ ਜਾ ਰਹੇ ਨੇ । ਉਹਨਾਂ ਕਿਹਾ ਏ ਕਿ ਸਾਰੇ ਧੂਏਂ ਅਤੇ ਪ੍ਰਦੂਸ਼ਣ ਲਈ , ਸਿਰਫ ਸਾਡੇ ਪੰਜਾਬ ਦਾ ਕਿਸਾਨ ਹੀ ਨਹੀਂ ਬਲਕਿ ਲਹਿੰਦੇ ਪੰਜਾਬ ਵਿੱਚ ਪਰਾਲੀ ਸਾੜਨ ਲਈ ਲਗਾਈ ਜਾਣ ਵਾਲੀ ਅੱਗ ਵੀ ਜਿੰਮੇਵਾਰ ਏ । ਉਹਨਾਂ ਕਿਹਾ ਕਿ ਸਰਹੱਦ ਪਾਰੋਂ ਆਉਣ ਵਾਲੇ ਧੂਏ ਕਾਰਨ ਵੀ ਹਵਾ ਦੇ ਗੁਣਵੱਤਾ ਤੇ ਮਾੜਾ ਅਸਰ ਪੈ ਰਿਹਾ ਏ ।

---------------------------------------------------------------------------

ਪੰਜਾਬ ਦੇ ਬਾਗ਼ਬਾਨੀ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਦਿਨੋਂ ਦਿਨ ਘਾਟੇ ਦਾ ਸੋਦਾ ਬਣ ਰਹੀ ਸੂਬੇ ਦੀ ਖੇਤੀ ਨੂੰ ਲਾਹੇਵੰਦ ਧੰਦਾ ਬਨਾਉਣ ਵਿੱਚ ਅਤੇ ਕਿਸਾਨੀ ਸੰਕਟ ਨੂੰ ਹੱਲ ਕਰਨ ਵਿਚ ਬਾਗ਼ਬਾਨੀ ਵਿਭਾਗ ਅਹਿਮ ਭੂਮਿਕਾ ਨਿਭਾ ਰਿਹਾ ਏ । ਅੱਜ ਚੰਡੀਗੜ੍ਹ ਵਿਚ ਪੱਤਰਕਾਰਾਂ ਨਾਲ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਬਾਗ਼ਬਾਨੀ ਵਿਭਾਗ ਕਿਸਾਨਾਂ ਦਾ ਸਲਾਹਕਾਰ ਮਹਿਕਮਾ ਏ ਜ਼ੋ ਕਿਸਾਨਾਂ ਨੂੰ ਵਾਤਾਵਰਣ ਪੱਖੀ ਅਤੇ ਆਰਥਿਕ ਤੌਰ ਤੇ ਲਾਹੇਵੰਦ ਸਲਾਹ ਦਿੰਦਾ ਏ । ਸ੍ਰੀ ਭਗਤ ਨੇ ਕਿਹਾ ਕਿ ਬਾਗ਼ਬਾਨੀ ਵਿਭਾਗ ਦੀ ਕੋਸ਼ਿਸ਼ ਸਦਕਾ ਪੰਜਾਬ ਦੇ ਕਿਸਾਨਾਂ

ਨੇ ਖੇਤੀ ਵਿਭਿੰਨਤਾ ਅਧੀਨ ਵੱਡੇ ਪੱਧਰ ਤੇ ਬਾਗ਼ ਲਗਾਏ ਗਏ ਨੇ ਜਿਸ ਨਾਲ ਜਿੱਥੇ ਲੋਕਾਂ ਨੂੰ ਸਿਹਤਮੰਦ ਰੱਖਣ ਵਿਚ ਅਹਿਮ ਭੂਮਿਕਾ ਨਿਭਾਉਣ ਵਾਲੇ ਫਲਾਂ ਦੀ ਉਪਲਬਧਤਾ ਵਧੀ ਏ ਉਥੇ ਨਾਲ ਹੀ ਸੂਬੇ ਦੇ ਵਾਤਾਵਰਨ ਵਿਚ ਸੁਧਾਰ ਹੋਇਆ ਏ ਕਿਉਂਕਿ ਬਾਗਾਂ ਕਾਰਨ ਸੂਬੇ ਵਿਚ ਜੰਗਲਾਤ ਅਧੀਨ ਖੇਤਰ ਵਿਚ ਵਾਧਾ ਹੋਇਆ ਏ ।ਉਨ੍ਹਾਂ ਕਿਹਾ ਕਿ ਬਾਗ਼ਬਾਨੀ ਵਿਭਾਗ ਦਾ ਮੁੱਖ ਉਦੇਸ਼ ਸੂਬੇ ਦੇ ਧਰਤੀ ਹੇਠਲੇ ਪਾਣੀ ਬਚਾਉਣ ਅਤੇ ਵਾਤਾਵਰਣ ਨੂੰ ਸ਼ੁੱਧ ਕਰਦੇ ਹੋਏ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨਾ ਹੈ।ਓਹਨਾ ਕਿਹਾ ਕਿ ਅਮਰੂਦ, ਲੀਚੀ ਅਤੇ ਨਾਖ ਅਸਟੇਟ ਬਣਾਈਆਂ ਗਈਆਂ ਹਨ ਜਿਨ੍ਹਾਂ ਨੂੰ ਜਲਦ ਲੋਕ ਅਰਪਣ ਕੀਤਾ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਵਿਭਾਗੀ ਅਧਿਕਾਰੀਆਂ ਨੂੰ ਹਦਾਇਤ ਕੀਤੀ ਏ ਕਿ ਬਾਗ਼ਬਾਨਾਂ ਨੂੰ ਦਿੱਤੀ ਜਾਣ ਵਾਲੀ ਸਬਸਿਡੀ ਸਬੰਧੀ ਦੇਸ਼ ਦੇ ਦੂਜੇ ਸੂਬਿਆਂ ਦੀ ਨੀਤੀ ਦਾ ਅਧਿਐਨ ਕਰਕੇ ਸੂਬੇ ਦੇ ਬਾਗ਼ਬਾਨਾਂ ਪੱਖੀ ਪਾਲਿਸੀ ਤਿਆਰ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਸੂਬੇ ਦੇ ਬਾਗਬਾਨਾਂ ਨੂੰ ਅਗਾਮੀ ਸਾਲ ਦੌਰਾਨ 600 ਕੁਇੰਟਲ ਲੀਚੀ ਬਰਾਮਦ ਕਰਨ ਦਾ ਆਰਡਰ ਮਿਲ ਚੁੱਕਾ ਏ ।ਉਨ੍ਹਾਂ ਕਿਹਾ ਕਿ ਵਿਭਾਗ ਨੂੰ ਮਜ਼ਬੂਤ ਕਰਨ ਲਈ ਵਿਭਾਗ ਵਿੱਚ ਖ਼ਾਲੀ ਪਈਆਂ ਸਾਰੀਆਂ ਅਸਾਮੀਆਂ ਨੂੰ ਜਲਦ ਭਰਿਆ ਜਾ ਰਿਹਾ ਏ ।

-----------------------------------------------------------------------

ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ ਜਲੰਧਰ, ਨੂੰ QS ਵਿਸ਼ਵ ਯੂਨੀਵਰਸਿਟੀ ਰੈਂਕਿੰਗ 2025 ਦੇ ਮੁਤਾਬਿਕ, ਏਸ਼ੀਆ ਦੇ ਚੋਟੀ ਦੇ ਸੰਸਥਾਨਾਂ ਤੇ ਯੂਨੀਵਰਸਿਟੀਆਂ ਵਿੱਚੋਂ 661-680 ਬੈਂਡ ਵਿੱਚ ਦਰਜਾ ਦਿੱਤਾ ਗਿਆ ਏ । ਇਸ ਤੋਂ ਇਲਾਵਾ ਸੰਸਥਾ ਨੇ 2025 ਲਈ ਦੱਖਣੀ ਏਸ਼ੀਆ ਦੀਆਂ ਯੂਨੀਵਰਸਿਟੀਆਂ ਵਿੱਚੋਂ 202ਵਾਂ ਸਥਾਨ ਪ੍ਰਾਪਤ ਕੀਤਾ ਏ । ਪਿਛਲੇ ਸਾਲ ਇੰਸਟੀਚਿਊਟ ਏਸ਼ੀਆਈ ਯੂਨੀਵਰਸਿਟੀਆਂ ਵਿੱਚੋਂ 651-700 ਬੈਂਡ ਵਿੱਚ ਅਤੇ ਦੱਖਣੀ ਏਸ਼ੀਆ ਦੀਆਂ ਯੂਨੀਵਰਸਿਟੀਆਂ ਵਿੱਚੋਂ 204ਵੇਂ ਸਥਾਨ ’ਤੇ ਸੀ। QS ਯੂਨੀਵਰਸਿਟੀ ਰੈਂਕਿੰਗ, ਵਿਸ਼ਵ ਭਰ ਦੀਆਂ ਸੰਸਥਾਵਾਂ ਬਾਰੇ ਜਾਣਕਾਰੀ ਪ੍ਰਦਾਨ ਕਰਨ ਅਤੇ ਅਕਾਦਮਿਕ ਉੱਤਮਤਾ ਅਤੇ ਭਵਿੱਖ ਦੇ ਵਿਕਾਸ ਰਾਹੀਂ ਵਿਦਿਆਰਥੀਆਂ ਦੀ ਪੂਰੀ ਸਮਰੱਥਾ ਨੂੰ ਪ੍ਰਾਪਤ ਕਰਨ ਵਿੱਚ ਮਦਦ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਏ ।

ਸੰਸਥਾ ਦੇ ਡਾਇਰੈਕਟਰ ਪ੍ਰੋਫੈਸਰ ਬਿਨੋਦ ਕੁਮਾਰ ਕਨੌਜੀਆ ਨੇ ਸਾਰੇ ਫੈਕਲਟੀ, ਸਟਾਫ, ਵਿਦਿਆਰਥੀਆਂ ਅਤੇ ਹੋਰ ਹਿੱਸੇਦਾਰਾਂ ਨੂੰ ਵਿਸ਼ਵ ਪੱਧਰ 'ਤੇ ਇਹ ਰੈਂਕ ਪ੍ਰਾਪਤ ਕਰਨ ਲਈ ਵਧਾਈ ਦਿੱਤੀ ਏ । ਉਨ੍ਹਾਂ ਨੇ ਇਸ ਸਾਲ ਪ੍ਰਕਾਸ਼ਨਾਂ, ਪੇਟੈਂਟਾਂ ਅਤੇ ਪ੍ਰੋਜੈਕਟਾਂ ਦੇ ਰੂਪ ਵਿੱਚ ਸੰਸਥਾ ਦੇ

ਖੋਜ ਉਤਪਾਦਨ ਵਿੱਚ ਮਹੱਤਵਪੂਰਨ ਵਾਧੇ ਦਾ ਵੀ ਜ਼ਿਕਰ ਕੀਤਾ ।

---------------------------------------------------------------------

ਪੰਜਾਬ ਪੁਲਿਸ ਦੀ ਟੀਮ ਨੇ 67ਵੀਂ ਆਲ ਇੰਡੀਆ ਪੁਲਿਸ ਡਿਊਟੀ ਮੀਟ 2023-24 ਵਿੱਚ ਇੱਕ ਚਾਂਦੀ ਅਤੇ ਦੋ ਕਾਂਸੇ ਦੇ ਤਮਗੇ ਜਿੱਤੇ ਨੇ । ਪੁਲਿਸ ਡਿਊਟੀ ਮੀਟ ਫਰਵਰੀ 2024 ਵਿੱਚ ਲਖਨਊ ਵਿੱਚ ਕਾਰਵਾਈ ਗਈ ਸੀ l ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਟੀਮ ਦੇ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਦੀ ਸ਼ਲਾਘਾ ਕਰਦੇ ਹੋਏ, ਉਨ੍ਹਾਂ ਨੂੰ ਵੱਕਾਰੀ DGP ਡਿਸਕ ਅਤੇ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ। ਜ਼ਿਕਰਯੋਗ ਏ ਕਿ ਕਾਂਸਟੇਬਲ ਮਨਪ੍ਰੀਤ ਕੌਰ ਨੇ ਸਾਇੰਟਿਫਿਕ ਏਡਜ਼ ਟੂ ਇਨਵੈਸਟੀਗੇਸ਼ਨ ਕੈਟਾਗਰੀ ਵਿੱਚ ਪੁਲਿਸ ਆਬਜ਼ਰਵੇਸ਼ਨ 'ਚ ਸਿਲਵਰ ਤਮਗਾ , ਇੰਸਪੈਕਟਰ ਮੋਹਿਤ ਧਵਨ ਨੇ ਮੈਡੀਕੋ-ਲੀਗਲ ਟੈਸਟ ਵਿੱਚ ਕਾਂਸੇ ਦਾ ਤਮਗਾ ਅਤੇ ਕਾਂਸਟੇਬਲ ਰੁਪਿੰਦਰ ਸਿੰਘ ਅਤੇ ਉਸਦੇ ਨਸ਼ੀਲਾ ਪਦਾਰਥ ਸੁੰਘ ਕੇ ਲੱਭਣ ਵਾਲੇ 'ਬਿੰਗੋ' ਨਾ ਦੇ ਕੁੱਤੇ ਨੇ ਕਾਂਸੇ ਦਾ ਤਮਗਾ ਜਿੱਤਿਆ ਏ । 67ਵੀਂ ਆਲ ਇੰਡੀਆ ਪੁਲਿਸ ਡਿਊਟੀ ਮੀਟ ਦਾ ਆਯੋਜਨ, ਆਲ ਇੰਡੀਆ ਪੁਲਿਸ ਸਪੋਰਟਸ ਕੰਟਰੋਲ ਬੋਰਡ, ਨਵੀਂ ਦਿੱਲੀ ਵੱਲੋਂ ਕੀਤਾ ਗਿਆ ਸੀ, ਜਿਸ ਵਿੱਚ ਵੱਖ-ਵੱਖ ਸੂਬਿਆਂ ਦੀ ਪੁਲਿਸ ਅਤੇ ਅਰਧ ਸੈਨਿਕ ਬਲਾਂ ਦੀਆਂ 30 ਤੋਂ ਵੱਧ ਟੀਮਾਂ ਨੇ ਹਿੱਸਾ ਲਿਆ ਸੀ ।

---------------------------------------------------------------------

ਉਪ-ਰਾਸ਼ਟਰਪਤੀ ਜਗਦੀਪ ਧਨਖੜ, ਕੱਲ ਨੂੰ ਲੁਧਿਆਣਾ ਦੇ ਇੱਕ ਦਿਨਾਂ ਦੌਰੇ 'ਤੇ ਹੋਣਗੇ।

- ਜਸਟਿਸ ਸੰਜੀਵ ਖੰਨਾ ਨੇ ਅੱਜ ਭਾਰਤ ਦੇ 51ਵੇਂ ਚੀਫ਼ ਜਸਟਿਸ ਵਜੋਂ ਸਹੁੰ ਚੁੱਕੀ।
- ਪੰਜਾਬ ਦੇ ਰਾਜਪਾਲ ਨੇ ਰਾਸ਼ਟਰ ਨੂੰ, 'ਆਤਮ-ਨਿਰਭਰ ਭਾਰਤ' ਬਣਾ ਕੇ,ਦੁਨੀਆਂ ਦੀ ਨੰਬਰ ਇਕ ਅਰਥ-ਵਿਵਸਥਾ ਬਣਨ ਲਈ ਠੋਸ ਉਪਰਾਲੇ ਕਰਨ ਦਾ ਦਿੱਤਾ ਸੱਦਾ।
- ਪੰਜਾਬ ਵਿਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿਚ, ਮੁੱਖ ਮੰਤਰੀ ਦਾ ਜ਼ਿਲਾ ਸੰਗਰੂਰ ਮੋਹਰੀ ਬਣਿਆ।